ਭੈਰਉ ਮਹਲਾ ੫ ॥ ਕੋਟਿ ਮਨੋਰਥ ਆਵਹਿ ਹਾਥ ॥ ਜਮ ਮਾਰਗ ਕੈ ਸੰਗੀ ਪਾਂਥ ॥ ੧॥ ਗੰਗਾ ਜਲੁ ਗੁਰ ਗੋਬਿੰਦ ਨਾਮ ॥ ਜੋ ਸਿਮਰੈ ਤਿਸ ਕੀ ਗਤਿ ਹੋਵੈ ਪੀਵਤ ਬਹੁੜਿ ਨ ਜੋਨਿ ਭ੍ਰਮਾਮ ॥੧॥ ਰਹਾਉ ॥ ਪੂਜਾ ਜਾਪ ਤਾਪ ਇਸਨਾਨ ॥ ਸਿਮਰਤ ਨਾਮ ਭਏ ਨਿਹਕਾਮ ॥੨॥ ਰਾਜ ਮਾਲ ਸਾਦਨ ਦਰਬਾਰ ॥ ਸਿਮਰਤ ਨਾਮ ਪੂਰਨ ਆਚਾਰ ॥ ੩॥ ਨਾਨਕ ਦਾਸ ਇਹੁ ਕੀਆ ਬੀਚਾਰੁ ॥ ਬਿਨੁ ਹਰਿ ਨਾਮ ਮਿਥਿਆ ਸਭ ਛਾਰੁ ॥੪॥੮॥ {ਪੰਨਾ 1137}

ਪਦਅਰਥ:- ਕੋਟਿ—ਕ੍ਰੋੜਾਂ। ਮਨੋਰਥ—ਮਨ ਦੇ ਰਥ, ਮਨ ਦੀਆਂ ਮੰਗਾਂ। ਆਵਹਿ ਹਾਥ—ਹੱਥਾਂ ਵਿਚ ਆ ਜਾਂਦੇ ਹਨ, ਮਿਲ ਜਾਂਦੇ ਹਨ। ਪਾਂਥ—ਪੰਧ ਵਿਚ ਸਾਥ ਦੇਣ ਵਾਲਾ {ਪੰਥ—ਰਸਤਾ, ਪੰਧ—ਸਫ਼ਰ}। ਸੰਗੀ—ਸਾਥੀ। ਜਮ ਮਾਰਗ ਕੈ—ਮੌਤ ਦੇ ਰਸਤੇ ਉਤੇ, ਮਰਨ ਤੋਂ ਪਿੱਛੋਂ।1।

ਗੋਬਿੰਦ ਨਾਮ—ਪਰਮਾਤਮਾ ਦਾ ਨਾਮ। ਜੋ—ਜਿਹੜਾ ਮਨੁੱਖ। ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਗਤਿ—ਉੱਚੀ ਆਤਮਕ ਅਵਸਥਾ, ਮੁਕਤੀ। ਬਹੁੜਿ—ਮੁੜ, ਫਿਰ। ਭ੍ਰਮਾਮ—ਭਟਕਣਾ।1। ਰਹਾਉ।

ਨਿਹਕਾਮ—ਵਾਸਨਾ-ਰਹਿਤ।2।

ਸਾਦਨ—{sdn} ਘਰ। ਪੂਰਨ ਆਚਾਰ—ਸੁੱਚਾ ਆਚਰਨ।3।

ਦਾਸ—ਦਾਸਾਂ ਨੇ। ਮਿਥਿਆ—ਨਾਸਵੰਤ। ਛਾਰੁ—ਸੁਆਹ (ਦੇ ਤੁੱਲ)।4।

ਅਰਥ:- ਹੇ ਭਾਈ! ਗੁਰ-ਗੋਬਿੰਦ ਦਾ ਨਾਮ (ਹੀ ਅਸਲ) ਗੰਗਾ-ਜਲ ਹੈ। ਜਿਹੜਾ ਮਨੁੱਖ (ਗੋਬਿੰਦ ਦਾ ਨਾਮ) ਸਿਮਰਦਾ ਹੈ, ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ, ਜਿਹੜਾ (ਇਸ ਨਾਮ-ਜਲ ਗੰਗਾ-ਜਲ ਨੂੰ) ਪੀਂਦਾ ਹੈ ਉਹ ਮੁੜ ਜੂਨਾਂ ਵਿਚ ਨਹੀਂ ਭਟਕਦਾ।1। ਰਹਾਉ।

ਹੇ ਭਾਈ! (ਜਿਹੜਾ ਮਨੁੱਖ ਨਾਮ ਜਪਦਾ ਹੈ ਉਸ ਦੇ) ਮਨ ਦੀਆਂ ਕ੍ਰੋੜਾਂ ਮੰਗਾਂ ਪੂਰੀਆਂ ਹੋ ਜਾਂਦੀਆਂ ਹਨ। ਮਰਨ ਤੋਂ ਪਿੱਛੋਂ ਭੀ ਇਹ ਨਾਮ ਹੀ ਉਸ ਦਾ ਸਾਥੀ ਬਣਦਾ ਹੈ ਸਹਾਇਕ ਬਣਦਾ ਹੈ।1।

ਹੇ ਭਾਈ! ਹਰਿ-ਨਾਮ ਹੀ (ਦੇਵ-) ਪੂਜਾ ਹੈ, ਨਾਮ ਹੀ ਜਪ-ਤਪ ਹੈ, ਤਾਪ ਹੀ ਤੀਰਥ-ਇਸ਼ਨਾਨ ਹੈ। ਨਾਮ ਸਿਮਰਦਿਆਂ (ਸਿਮਰਨ ਕਰਨ ਵਾਲੇ) ਦੁਨੀਆ ਵਾਲੀਆਂ ਵਾਸਨਾਂ ਤੋਂ ਰਹਿਤ ਹੋ ਜਾਂਦੇ ਹਨ।2।

ਹੇ ਭਾਈ! ਰਾਜ, ਮਾਲ, ਮਹਲ-ਮਾੜੀਆਂ, ਦਰਬਾਰ ਲਾਉਣੇ (ਜੋ ਸੁਖ ਇਹਨਾਂ ਵਿਚ ਹਨ, ਨਾਮ ਸਿਮਰਨ ਵਾਲਿਆਂ ਨੂੰ ਉਹ ਸੁਖ ਨਾਮ-ਸਿਮਰਨ ਤੋਂ ਪ੍ਰਾਪਤ ਹੁੰਦੇ ਹਨ)। ਹੇ ਭਾਈ! ਹਰਿ-ਨਾਮ ਸਿਮਰਦਿਆਂ ਮਨੁੱਖ ਦਾ ਆਚਰਨ ਸੁੱਚਾ ਬਣ ਜਾਂਦਾ ਹੈ।3।

ਹੇ ਨਾਨਕ! ਪ੍ਰਭੂ ਦੇ ਸੇਵਕਾਂ ਨੇ ਇਹ ਨਿਸ਼ਚਾ ਕੀਤਾ ਹੁੰਦਾ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਾਰੀ (ਮਾਇਆ) ਨਾਸਵੰਤ ਹੈ ਸੁਆਹ (ਦੇ ਤੁੱਲ) ਹੈ।4।8।